ਪ੍ਰਭਾਤੀ ਮਹਲਾ ੫ ॥ ਕਰਿ ਕਿਰਪਾ ਅਪੁਨੇ ਪ੍ਰਭਿ ਕੀਏ ॥ ਹਰਿ ਕਾ ਨਾਮੁ ਜਪਨ ਕਉ ਦੀਏ ॥ ਆਠ ਪਹਰ ਗੁਨ ਗਾਇ ਗੁਬਿੰਦ ॥ ਭੈ ਬਿਨਸੇ ਉਤਰੀ ਸਭ ਚਿੰਦ ॥੧॥ ਉਬਰੇ ਸਤਿਗੁਰ ਚਰਨੀ ਲਾਗਿ ॥ ਜੋ ਗੁਰੁ ਕਹੈ ਸੋਈ ਭਲ ਮੀਠਾ ਮਨ ਕੀ ਮਤਿ ਤਿਆਗਿ ॥੧॥ ਰਹਾਉ ॥ ਮਨਿ ਤਨਿ ਵਸਿਆ ਹਰਿ ਪ੍ਰਭੁ ਸੋਈ ॥ ਕਲਿ ਕਲੇਸ ਕਿਛੁ ਬਿਘਨੁ ਨ ਹੋਈ ॥ ਸਦਾ ਸਦਾ ਪ੍ਰਭੁ ਜੀਅ ਕੈ ਸੰਗਿ ॥ ਉਤਰੀ ਮੈਲੁ ਨਾਮ ਕੈ ਰੰਗਿ ॥੨॥ ਚਰਨ ਕਮਲ ਸਿਉ ਲਾਗੋ ਪਿਆਰੁ ॥ ਬਿਨਸੇ ਕਾਮ ਕ੍ਰੋਧ ਅਹੰਕਾਰ ॥ ਪ੍ਰਭ ਮਿਲਨ ਕਾ ਮਾਰਗੁ ਜਾਨਾਂ ॥ ਭਾਇ ਭਗਤਿ ਹਰਿ ਸਿਉ ਮਨੁ ਮਾਨਾਂ ॥ ੩॥ ਸੁਣਿ ਸਜਣ ਸੰਤ ਮੀਤ ਸੁਹੇਲੇ ॥ ਨਾਮੁ ਰਤਨੁ ਹਰਿ ਅਗਹ ਅਤੋਲੇ ॥ ਸਦਾ ਸਦਾ ਪ੍ਰਭੁ ਗੁਣ ਨਿਧਿ ਗਾਈਐ ॥ ਕਹੁ ਨਾਨਕ ਵਡਭਾਗੀ ਪਾਈਐ ॥੪॥੬॥ {ਪੰਨਾ 1339}

ਪਦ ਅਰਥ:- ਕਰਿ—ਕਰ ਕੇ। ਪ੍ਰਭਿ—ਪ੍ਰਭੂ ਨੇ। ਕੀਏ—ਬਣਾ ਲਿਆ। ਕਉ—ਵਾਸਤੇ, ਨੂੰ। ਗਾਇ—ਗਾਇਆ ਕਰ। ਭੈ—ਸਾਰੇ ਡਰ (ਲਫ਼ਜ਼ 'ਭਉ' ਤੋਂ ਬਹੁ-ਵਚਨ)। ਚਿੰਦ—ਚਿੰਤਾ।1।

ਉਬਰੇ—(ਵਿਕਾਰਾਂ ਤੋਂ) ਬਚ ਗਏ। ਲਾਗਿ—ਲੱਗ ਕੇ। ਕਹੈ—ਆਖਦਾ ਹੈ। ਭਲ—ਭਲਾ। ਤਿਆਗਿ—ਤਿਆਗ ਕੇ।1। ਰਹਾਉ।

ਮਨਿ—ਮਨ ਵਿਚ। ਤਨਿ—ਤਨ ਵਿਚ। ਕਲਿ—ਝਗੜੇ। ਕਲੇਸ—ਦੁੱਖ। ਬਿਘਨੁ—ਰੁਕਾਵਟ। ਜੀਅ ਕੈ ਸੰਗਿ—ਜਿੰਦ ਦੇ ਨਾਲ। ਕੈ ਰੰਗਿ—ਦੇ (ਪ੍ਰੇਮ-) ਰੰਗ ਵਿਚ।2।

ਸਿਉ—ਨਾਲ। ਮਾਰਗੁ—ਰਸਤਾ। ਜਾਨਾਂ—ਸਮਝ ਲਿਆ। ਭਾਇ—ਪ੍ਰੇਮ ਵਿਚ। ਮਾਨਾਂ—ਪਤੀਜ ਗਿਆ, ਗਿੱਝ ਗਿਆ।3।

ਸਜਣ—ਹੇ ਸੱਜਣ! ਸੰਤ—ਹੇ ਸੰਤ ਜਨੋ! ਅਗਹ—ਅਪਹੁੰਚ। ਅਗਹ ਨਾਮੁ—ਅਪਹੁੰਚ ਹਰੀ ਦਾ ਨਾਮ। ਗੁਣਨਿਧਿ—ਗੁਣਾਂ ਦਾ ਖ਼ਜ਼ਾਨਾ ਪ੍ਰਭੂ। ਗਾਈਐ—ਗਾਣਾ ਚਾਹੀਦਾ ਹੈ, ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ। ਪਾਈਐ—ਪ੍ਰਾਪਤ ਹੁੰਦੀ ਹੈ।4।

ਅਰਥ:- ਹੇ ਭਾਈ! ਸਤਿਗੁਰੂ ਦੀ ਚਰਨੀਂ ਲੱਗ ਕੇ (ਅਨੇਕਾਂ ਪ੍ਰਾਣੀ ਵਿਕਾਰਾਂ ਵਿਚ ਡੁੱਬਣੋਂ) ਬਚ ਜਾਂਦੇ ਹਨ। ਆਪਣੇ ਮਨ ਦੀ ਚਤੁਰਾਈ ਛੱਡ ਕੇ (ਗੁਰੂ ਦੀ ਸਰਨ ਪਿਆਂ) ਜੋ ਕੁਝ ਗੁਰੂ ਦੱਸਦਾ ਹੈ, ਉਹ ਚੰਗਾ ਤੇ ਪਿਆਰਾ ਲੱਗਦਾ ਹੈ।1। ਰਹਾਉ।

ਹੇ ਭਾਈ! (ਜਿਹੜੇ ਮਨੁੱਖ ਗੁਰੂ ਦੀ ਸਰਨ ਪਏ) ਪ੍ਰਭੂ ਨੇ (ਉਹਨਾਂ ਨੂੰ) ਮਿਹਰ ਕਰ ਕੇ ਆਪਣੇ ਬਣਾ ਲਿਆ (ਕਿਉਂਕਿ ਗੁਰੂ ਨੇ) ਪਰਮਾਤਮਾ ਦਾ ਨਾਮ ਜਪਣ ਵਾਸਤੇ ਉਹਨਾਂ ਨੂੰ ਦਿੱਤਾ। ਹੇ ਭਾਈ! (ਗੁਰੂ ਦੀ ਸਰਨ ਪੈ ਕੇ) ਅੱਠੇ ਪਹਰ ਪਰਮਾਤਮਾ ਦੇ ਗੁਣ ਗਾਇਆ ਕਰ (ਇਸ ਤਰ੍ਹਾਂ) ਸਾਰੇ ਡਰ ਨਾਸ ਹੋ ਜਾਂਦੇ ਹਨ, ਸਾਰੀ ਚਿੰਤਾ ਦੂਰ ਜਾਂਦੀ ਹੈ।1।

ਹੇ ਭਾਈ! (ਗੁਰੂ ਦੀ ਸਰਨ ਪਿਆਂ) ਮਨ ਵਿਚ ਤਨ ਵਿਚ ਉਹ ਪਰਮਾਤਮਾ ਹੀ ਵੱਸਿਆ ਰਹਿੰਦਾ ਹੈ, ਕੋਈ ਦੁੱਖ-ਕਲੇਸ਼ (ਆਦਿਕ ਜ਼ਿੰਦਗੀ ਦੇ ਰਸਤੇ ਵਿਚ) ਰੁਕਾਵਟ ਨਹੀਂ ਪੈਂਦੀ। ਪਰਮਾਤਮਾ ਹਰ ਵੇਲੇ ਹੀ ਜਿੰਦ ਦੇ ਨਾਲ (ਵੱਸਦਾ ਪ੍ਰਤੀਤ ਹੁੰਦਾ ਹੈ), ਪਰਮਾਤਮਾ ਨਾਮ ਦੇ ਪਿਆਰ-ਰੰਗ ਵਿਚ ਟਿਕੇ ਰਿਹਾਂ (ਵਿਕਾਰਾਂ ਦੀ) ਸਾਰੀ ਮੈਲ (ਮਨ ਤੋਂ) ਲਹਿ ਜਾਂਦੀ ਹੈ।2।

ਹੇ ਭਾਈ! (ਗੁਰੂ ਦੀ ਸਰਨ ਪਿਆਂ) ਪਰਮਾਤਮਾ ਦੇ ਸੋਹਣੇ ਚਰਨਾਂ ਨਾਲ ਪਿਆਰ ਬਣ ਜਾਂਦਾ ਹੈ, ਕਾਮ ਕ੍ਰੋਧ ਅਹੰਕਾਰ (ਆਦਿਕ ਵਿਕਾਰ ਅੰਦਰੋਂ) ਮੁੱਕ ਜਾਂਦੇ ਹਨ। ਹੇ ਭਾਈ! (ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ)

ਪਰਮਾਤਮਾ ਦੇ ਮਿਲਾਪ ਦਾ ਰਸਤਾ ਸਮਝ ਲਿਆ, ਪਿਆਰ ਦੀ ਬਰਕਤਿ ਨਾਲ ਭਗਤੀ ਦੀ ਬਰਕਤਿ ਨਾਲ ਉਸ ਦਾ ਮਨ ਪ੍ਰਭੂ ਦੀ ਯਾਦ ਵਿਚ ਗਿੱਝ ਜਾਂਦਾ ਹੈ।3।

ਹੇ ਸੱਜਣ! ਹੇ ਸੰਤ! ਹੇ ਮਿੱਤਰ! ਸੁਣ (ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਨੇ) ਅਪਹੁੰਚ ਅਤੇ ਅਤੋਲ ਹਰੀ ਦਾ ਕੀਮਤੀ ਨਾਮ ਹਾਸਲ ਕਰ ਲਿਆ, ਉਹ ਸਦਾ ਸੁਖੀ ਜੀਵਨ ਵਾਲੇ ਹੋ ਗਏ। ਹੇ ਭਾਈ! ਸਦਾ ਹੀ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ, ਪਰ, ਹੇ ਨਾਨਕ! ਆਖ—ਇਹ ਦਾਤਿ ਵੱਡੀ ਕਿਸਮਤ ਨਾਲ ਮਿਲਦੀ ਹੈ।4।6।